**ਪੰਜਾਬ ਸਰਕਾਰ**
**ਸਿੱਖਿਆ ਵਿਭਾਗ** (Through Website)

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.) ਅਤੇ ਸਮੂਹ ਡਾਇਟ ਪ੍ਰਿੰਸੀਪਲ
ਸਮੂਹ ਬਲਾਕ ਸਿੱਖਿਆ ਅਫ਼ਸਰ।
ਪੰਜਾਬ ।

ਮੀਮੋ ਨੰ:-11/62/17-5 ਸਿ6/1084590/1 ਮਿਤੀ:- 13/10/2017

ਵਿਸ਼ਾ : 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਦੇ ਟੀਚਿਆਂ ਨੂੰ ਪੂਰਾ ਕਰਨ ਸਬੰਧੀ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਵਿਚ ਸਿੱਖਿਆ ਦੀ ਗੁਣਵੱਤਾ ਵਿਚ ਸੁਧਾਰ ਲਿਆਉਣ ਪੱਖੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਗਿਆ ਹੈ। 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਪੰਜਾਬ ਸਰਕਾਰ ਦੁਆਰਾ ਬਜਟ ਸਪੀਚ ਦਾ ਵੀ ਹਿੱਸਾ ਹੈ। 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਤਹਿਤ ਬੱਚਿਆਂ ਦੇ ਮੁੱਢਲੇ ਪੜ੍ਹਾਈ ਦੇ ਪੱਧਰ (ਸੁਣਨਾ, ਬੋਲਣਾ, ਪੜ੍ਹਨਾ, ਲਿਖਣਾ, ਸਮਝਣਾ) ਅਤੇ ਗਣਿਤ (ਅੰਕ ਪਹਿਚਾਣ, ਪਹਾੜੇ, ਜੋੜ, ਘਟਾਓ, ਗੁਣਾ-ਭਾਗ) ਦੀ ਪ੍ਰਗਤੀ ਲਈ ਸੁਧਾਰ ਲੈ ਕੇ ਆਉਣਾ ਹੈ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ- ਜ਼ਿਲ੍ਹਾ ਸਿੱਖਿਆ ਅਫ਼ਸਰ, ਡਾਇਟ ਪ੍ਰਿੰਸੀਪਲ, ਸਮੂਹ ਬੀ.ਪੀ.ਓ ਅਤੇ ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਦੀ ਮਿਤੀ 9-10-2017 ਤੋਂ 11-10-2017 ਤੱਕ ਸਮੂਹ ਜ਼ਿਲ੍ਹਿਆ ਦੀ ਬੇਸਲਾਇਨ ਦੇ ਨਤੀਜਿਆਂ ਸਬੰਧੀ ਰੀਵਿਊ ਮੀਟਿੰਗ ਕੀਤੀ ਗਈ ਹੈ। ਰੀਵਿਊ ਮੀਟਿੰਗ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਅਧਿਕਾਰੀਆਂ ਨੂੰ ਪ੍ਰੋਜੈਕਟ ਦੇ ਟੀਚਿਆਂ, ਉਦੇਸ਼, ਯੋਜਨਾਬੰਦੀ, ਗਤੀਵਿਧੀਆਂ, ਮੁਲਾਂਕਣ ਆਦਿ ਬਾਰੇ ਜਾਣਕਾਰੀ ਬਹੁਤ ਘੱਟ ਹੈ। ਇਹਨਾਂ ਵੱਲੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਤਹਿਤ ਸਕੂਲਾਂ ਦੀ ਮੋਨੀਟਰਿੰਗ ਵੀ ਬਹੁਤ ਘੱਟ ਕੀਤੀ ਗਈ ਹੈ ਅਤੇ ਇਹਨਾਂ ਵਲੋਂ ਮੀਟਿੰਗ ਦੌਰਾਨ ਕੀਤੀ ਗਈ ਪੇਸ਼ਕਾਰੀ ਵੀ ਕੋਈ ਬਹੁਤੀ ਤਸੱਲੀਬਖਸ਼ ਨਹੀਂ ਸੀ। ਜਿਸ ਕਾਰਨ ਪ੍ਰੋਜੈਕਟ ਦੇ ਨਤੀਜੇ ਕਾਫੀ ਪ੍ਰਭਾਵਿਤ ਹੋ ਰਹੇ ਹਨ।

4.0 ਮੁੱਖ ਦਫ਼ਤਰ ਵਲੋਂ ਇਸ ਨੂੰ ਬਹੁਤ ਗੰਭੀਰਤਾ ਨਾਲ ਲਿਆ ਗਿਆ ਹੈ। ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ, ਸਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਕਿਸੇ ਸਕੂਲ, ਸੈਂਟਰ ਜਾਂ ਬਲਾਕ ਦੇ ਨਤੀਜਿਆਂ ਵਿੱਚ ਸੁਧਾਰ ਨਹੀਂ ਹੋ ਰਿਹਾ ਤਾਂ ਘੱਟ ਪ੍ਰਗਤੀ ਦੇਣ ਵਾਲੇ ਸਕੂਲਾਂ ਨੂੰ ਜ਼ਿਆਦਾ ਵਿਜ਼ਟ ਕਰਦਿਆਂ, ਕਾਰਨਾਂ ਦੀ ਘੋਖ ਕੀਤੀ ਜਾਵੇ ਅਤੇ ਸਕੂਲ ਦੇ ਨਤੀਜਿਆਂ ਦੇ ਸੁਧਾਰ ਲਈ ਯੋਜਨਾਬੰਦੀ ਤਹਿਤ ਇਹਨਾਂ ਸਕੂਲਾਂ ਦੇ ਬੱਚਿਆਂ ਨੂੰ ਵੀ ਨਿਰਧਾਰਿਤ ਟੀਚਿਆਂ ਤੇ ਲਿਜਾਇਆ ਜਾਵੇ।

5.0 ਸਕੂਲਾਂ ਦੇ ਨਤੀਜਿਆਂ ਦੇ ਸੁਧਾਰ ਲਈ ਸਕੂਲ ਮੁੱਖੀ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ- ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ ਪੂਰਨ ਜ਼ਿੰਮੇਵਾਰ ਹੋਣਗੇ।

6.0 ਹਰ ਸਕੂਲ ਦਾ 100% ਨਤੀਜਾ ਲਿਆਉਣ ਦੀ ਪੂਰਨ ਜ਼ਿੰਮੇਵਾਰੀ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ -ਜ਼ਿਲ੍ਹਾ ਸਿੱਖਿਆ ਅਫ਼ਸਰ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਅਤੇ ਡਾਇਟ ਪ੍ਰਿੰਸੀਪਲ ਦੀ ਹੋਵੇਗੀ।

7.0 ਮੁੱਖ ਦਫ਼ਤਰ ਵਲੋਂ ਅਕਤੂਬਰ ਮਹੀਨੇ ਦੌਰਾਨ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਵਿੱਚ ਅੰਤਿਮ ਜਾਂਚ ਕਰਵਾਈ ਜਾ ਰਹੀ ਹੈ। ਜਾਂਚ ਸਬੰਧੀ ਪੂਰੀ ਪਾਰਦਰਸ਼ਤਾ ਰੱਖਣ ਦੀ ਜ਼ਿੰਮੇਵਾਰੀ ਸਬੰਧਤ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਦੀ ਹੋਵੇਗੀ।

8.0 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ ' ਦੀ ਹਰ ਜ਼ਿਲ੍ਹੇ ਅੰਦਰ ਟੀਮ ਪੂਰੀ ਹੋਣੀ ਚਾਹੀਦੀ ਹੈ। ਇਸ ਸਬੰਧੀ ਪੂਰਨ ਜ਼ਿੰਮੇਵਾਰੀ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਦੀ ਹੋਵੇਗੀ।

9.0 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ ' ਪ੍ਰਜੈਕਟ ਤਹਿਤ ਬੱਚਿਆ ਦੀ ਹੋ ਰਹੀ ਪ੍ਰਗਤੀ ਬਾਰੇ ਬੱਚਿਆਂ ਦੇ ਮਾਪਿਆਂ ਨੂੰ ਸਕੂਲ ਅੰਦਰ ਬੁਲਾਕੇ ਇਸ ਬਾਰੇ ਉਹਨਾਂ ਨੂੰ ਜ਼ਰੂਰ ਦੱਸਣਾ ਹੋਵੇਗਾ ਅਤੇ ਇਸ ਸਬੰਧੀ ਮਾਪਿਆਂ ਨਾਲ ਪੂਰਨ ਰਾਬਤਾ ਰੱਖਿਆ ਜਾਵੇ।

10.0 ਅੰਤਿਮ ਜਾਂਚ ਦੇ ਨਤੀਜਿਆਂ ਸਬੰਧੀ ਸਮੂਹ ਜ਼ਿਲ੍ਹਿਆ ਦੀ ਰੀਵਿਊ ਮੀਟਿੰਗ ਮਿਤੀ 20-21-22 ਨਵੰਬਰ ਨੂੰ ਰੱਖੀ ਗਈ ਹੈ। ਮੀਟਿੰਗ ਦੌਰਾਨ ਹਰੇਕ ਜ਼ਿਲ੍ਹੇ ਦੇ ਨਤੀਜਿਆਂ ਬਾਰੇ ਵਿਸਥਾਰ ਚਰਚਾ ਕੀਤੀ ਜਾਵੇਗੀ। ਇਸ ਸਬੰਧੀ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਵਲੋਂ ਪੂਰਨ ਤਿਆਰੀ ਸਹਿਤ ਮੀਟਿੰਗ ਵਿਚ ਹਾਜ਼ਰ ਹੋਇਆ ਜਾਵੇ ।

11.0 ਹੁਕਮਾਂ ਦੀ ਇੰਨ੍ਹ-ਬਿੰਨ੍ਹ ਪਾਲਣਾ ਯਕੀਨੀ ਬਣਾਈ ਜਾਵੇ ਜੀ।

ਸਕੱਤਰ ਸਕੂਲ ਸਿੱਖਿਆ, ਪੰਜਾਬ

ਪਿੱਠ ਅੰਕਣ ਨੰ. ਉਕਤ ਮਿਤੀ: ਉਕਤ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ, ਪੰਜਾਬ।
2. ਡੀ.ਪੀ.ਆਈ (ਐ.ਸਿੱ), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

-ਸਹੀ-

ਸਕੱਤਰ ਸਕੂਲ ਸਿੱਖਿਆ, ਪੰਜਾਬ